Press Note

JAGAT GURU NANAK DEV PUNJAB STATE OPEN UNIVERSITY
PATIALA
(Established by Act No.19 of 2019 of Legislature of the State of Punjab)

PSOU/PRO/2024/99

01 ਅਗਸਤ 2024

**ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਅਤੇ ਸੰਦੇਸ਼ ਨੂੰ ਸਮਰਪਿਤ 'ਜਨਮ-ਸਾਖੀ ਪ੍ਰੰਪਰਾ ਵਿਚ ਗੁਰੂ ਨਾਨਕ ਸਾਹਿਬ ਦਾ ਸਰੂਪ' ਵਿਸ਼ੇ 'ਤੇ ਇਕ ਰੋਜ਼ਾ ਸੈਮੀਨਾਰ ਕਰਵਾਇਆ ਗਿਆ**

ਅੱਜ ਮਿਤੀ 01.08.2024 ਨੂੰ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਵਿਖੇ ਯੂਨੀਵਰਸਿਟੀ ਦੇ ਮਾਨਯੋਗ ਵਾਈਸ-ਚਾਂਸਲਰ ਪ੍ਰੋ. (ਡਾ.) ਕਰਮਜੀਤ ਸਿੰਘ ਜੀ ਦੀ ਯੋਗ ਅਗਵਾਈ ਹੇਠ ਸਕੂਲ ਆਫ ਰਿਲੀਜੀਅਸ ਸੱਟਡੀਜ਼ ਵਿਭਾਗ ਵਲੋਂ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਜੀਵਨ ਅਤੇ ਸੰਦੇਸ਼ ਨੂੰ ਸਮਰਪਿਤ 'ਜਨਮ-ਸਾਖੀ ਪ੍ਰੰਪਰਾ ਵਿਚ ਗੁਰੂ ਨਾਨਕ ਸਾਹਿਬ ਦਾ ਸਰੂਪ' ਵਿਸ਼ੇ 'ਤੇ ਇਕ ਰੋਜ਼ਾ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਵਿਚ ਵਿਸ਼ਵ ਪ੍ਰਸਿੱਧ ਸਿੱਖ ਚਿੰਤਕ ਪ੍ਰੋ. ਹਰਪਾਲ ਸਿੰਘ ਪੰਨੂ ਵਲੋਂ ਮੁੱਖ ਵਕਤਾ ਦੇ ਤੌਰ 'ਤੇ ਸ਼ਮੂਲੀਅਤ ਕੀਤੀ ਗਈ ਅਤੇ ਉਨ੍ਹਾਂ ਨੇ ਆਪਣੇ ਵਿਚਾਰ ਸਾਰਿਆਂ ਨਾਲ ਸਾਂਝੇ ਕੀਤੇ । ਸੈਮੀਨਾਰ ਨੂੰ ਸੰਬੋਧਨ ਕਰਦਿਆਂ ਹੋਇਆਂ ਡਾ. ਪਨੂੰ ਵਲੋਂ ਅਜੋਕੇ ਸਮੇਂ ਦੌਰਾਨ ਪਰਿਵਾਰਾਂ ਵਿਚ ਸਾਖੀਆਂ ਰੂਪੀ ਸਿੱਖਿਆ ਦੀ ਮਹਾਨਤਾ ਨੂੰ ਸਮਝਦਿਆਂ ਹੋਇਆਂ ਦੋਬਾਰਾ ਇਹਨਾਂ ਨੂੰ ਪਰਿਵਾਰਾਂ ਵਿਚ ਸ਼ੁਰੂ ਕਰਨ ਉੱਪਰ ਜੋਰ ਦਿੱਤਾ। ਪ੍ਰਧਾਨਗੀ ਭਾਸ਼ਣ ਦਿੰਦਿਆਂ ਹੋਇਆਂ ਯੂਨੀਵਰਸਿਟੀ ਦੇ ਮਾਨਯੋਗ ਵਾਈਸ-ਚਾਂਸਲਰ ਪ੍ਰੋ. (ਡਾ.) ਕਰਮਜੀਤ ਸਿੰਘ ਵਲੋਂ ਇਹ ਸੰਦੇਸ਼ ਦਿੱਤਾ ਗਿਆ ਕਿ ਗੁਰੂ ਨਾਨਕ ਪਾਤਸ਼ਾਹ ਦੀ ਸਿੱਖਿਆ ਉੱਪਰ ਚੱਲ ਕੇ ਹੀ ਇਕ ਸੁਚਾਰੂ ਜੀਵਨ ਜੀਵਿਆ ਜਾ ਸਕਦਾ ਹੈ ਅਤੇ ਪ੍ਰੋ. ਪਨੂੰ ਵਰਗੇ ਵਕਤੇ ਇਹਨਾਂ ਸਿਧਾਂਤਾਂ ਨੂੰ ਸਮਝਾਉਣ ਲਈ ਬਖਸ਼ਿਸ਼ ਪਾਤਰ ਵਿਦਵਾਨ ਹਨ। ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਬਲਜੀਤ ਸਿੰਘ ਖਹਿਰਾ ਵਲੋਂ ਸੈਮੀਨਾਰ ਦੀ ਸ਼ੁਰੂਆਤ ਸਮੇਂ ਵਿਸ਼ੇ ਨਾਲ ਜਾਣ-ਪਛਾਣ ਕਰਾਉਂਦਿਆਂ ਹੋਇਆਂ ਡਾ. ਪਨੂੰ ਦਾ ਸਵਾਗਤ ਕੀਤਾ ਅਤੇ ਵਿਸ਼ੇ ਦੀ ਸਾਰਥਿਕਤਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਅਖੀਰ ਦੇ ਵਿਚ ਡੀਨ ਅਕਾਦਮਿਕ ਮਾਮਲੇ, ਡਾ. ਗੁਰਦੀਪ ਸਿੰਘ ਬਤਰਾ ਵਲੋਂ ਮੁੱਖ ਵਕਤਾ ਅਤੇ ਆਏ ਹੋਏ ਸਾਰੇ ਮਹਿਮਾਨਾ ਦਾ ਧੰਨਵਾਦ ਕੀਤਾ ਗਿਆ।

01/08/24
ਡਾਇਰੈਕਟਰ
ਲੋਕ ਸੰਪਰਕ

Director-Public Relations Cell
Jagat Guru Nanak Dev
Punjab State Open University
Patiala – 147001(PB) INDIA

## Photos


JAGAT GURU NANAK DEV
PUNJAB STATE OPEN UNIVERSITY
PATIALA
ਪੰਜਾਬ ਸਟੇਟ ਓਪਨ ਯੂਨੀਵਰਸਿਟੀ
ਪਟਿਆਲਾ




PUNJAB STATE OPEN UNIVERSITY
PATIALA
ਪਟਿਆਲਾ




JAGAT GURU NANAK DEV
PUNJAB STATE OPEN UNIVERSITY
PATIALA
ਪੰਜਾਬ ਸਟੇਟ ਓਪਨ ਯੂਨੀਵਰਸਿਟੀ
ਪਟਿਆਲਾ


JAGAT GURU NANAK DEV
PUNJAB STATE OPEN UNIVERSITY
PATIALA
ਪੰਜਾਬ ਸਟੇਟ ਓਪਨ ਯੂਨੀਵਰਸਿਟੀ
ਪਟਿਆਲਾ



## Links

https://www.facebook.com/photo?fbid=122193800588031399&set=pcb.122193800948031399

https://www.instagram.com/p/C-IJz2pKIL-/?img_index=1